# ਦਫਤਰ ਡਾਇਰੈਕਟਰ ਸਿੱਖਿਆ ਭਰਤੀ ਡਾਇਰੈਕਟੋਰੇਟ ਪੰਜਾਬ।
# ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ,(ਮਾਈਕਰੋਸਾਫਟ ਬਿਲਡਿੰਗ)
# ਫੇਜ਼ 3 ਬੀ-1, ਐਸ.ਏ.ਐਸ. ਨਗਰ।
# www.educationrecruitmentboard.com

## ਉਮੀਦਵਾਰਾਂ ਲਈ ਹਦਾਇਤਾਂ

ਪੰਜਾਬ ਸਿੱਖਿਆ ਵਿਭਾਗ ਵਲੋਂ ਈ.ਟੀ.ਟੀ. ਅਧਿਆਪਕਾਂ ਦੀਆਂ ਅੰਗਹੀਣ ਕੈਟਾਗਰੀ ਅਤੇ ਸੁਤੰਤਰਤਾ ਸੰਗਰਾਮੀ ਕੈਟਾਗਰੀ ਦੀਆਂ ਬੈਕਲਾਗ ਦੀਆਂ ਅਸਾਮੀਆਂ ਨੂੰ ਭਰਨ ਲਈ ਯੋਗ ਉਮੀਦਵਾਰਾਂ ਤੋਂ, ਵਿਭਾਗ ਦੀ ਵੈਬਸਾਈਟ www.educationrecruitmentboard.com ਤੇ ਆਨਲਾਈਨ ਦਰਖਾਸਤਾਂ ਦੀ ਮੰਗ ਕੀਤੀ ਗਈ ਸੀ। ਜਿਹੜੇ ਉਮੀਦਵਾਰਾਂ ਨੇ ਇਨ੍ਹਾਂ ਅਸਾਮੀਆਂ ਲਈ ਅਪਲਾਈ ਕੀਤਾ ਸੀ, ਨੂੰ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਮਾਈਕਰੋਸਾਫਟ ਬਿਲਡਿੰਗ ਫੇਜ਼ 3 ਬੀ-1 ਐਸ.ਏ.ਐਸ. ਨਗਰ ਵਿਖੇ ਹੇਠਾਂ ਦਰਸਾਏ ਗਏ ਸਡਿਊਲ ਅਨੁਸਾਰ ਸਵੇਰੇ 10.00 ਵਜੇ ਤੋਂ ਸ਼ਾਮ 3.00 ਵਜੇ ਤੱਕ ਅਸਲ ਦਸਤਾਵੇਜ਼ਾਂ ਦੀ ਸਕਰੂਟਨੀ ਲਈ ਸੱਦਾ ਦਿੱਤਾ ਜਾਂਦਾ ਹੈ।

ਬਿਨੈਕਾਰ ਨਿਰਧਾਰਿਤ ਸਡਿਊਲ ਅਨੁਸਾਰ ਦਸਤਾਵੇਜ਼ਾਂ ਦੀ ਸਕਰੂਟਨੀ ਤੇ ਆਉਣ ਤੋਂ ਪਹਿਲਾਂ ਹੇਠ ਦਰਸਾਏ ਅਨੁਸਾਰ ਪੜਤਾਲ ਫਾਰਮ ਵਿਭਾਗ ਦੀ ਵੈਬਸਾਈਟ ਤੋਂ ਡਾਊਨਲੋਡ ਕਰਕੇ ਉਸ ਨੂੰ ਸਾਫ ਸੁੱਥਰਾ ਭਰਨ ਉਪਰੰਤ ਆਪਣੇ ਸਰਟੀਫਿਕੇਟਾਂ ਅਤੇ ਪੜਤਾਲ ਫਾਰਮ ਦੀਂ ਇੱਕ Running PDF ਤਿਆਰ ਕਰਕੇ ettbacklog2019@gmail.com ਤੇ ਈਮੇਲ ਦੇ SUBJECT ਕਾਲਮ ਵਿੱਚ ਆਪਣਾ ਰਜਿਸਟ੍ਰੇਸ਼ਨ ਨੰਬਰ ਅਤੇ ਨਾਮ ਭਰਕੇ ਈਮੇਲ ਕਰੇਗਾ।

1. ਜਨਮ ਮਿਤੀ ਸਬੰਧੀ ਦਸਵੀਂ ਦਾ ਸਰਟੀਫਿਕੇਟ
2. ਪੰਜਾਬੀ ਪਾਸ ਕਰਨ ਦਾ ਸਬੂਤ (ਦਸਵੀਂ ਜਮਾਤ ਜਾਂ ਉਚੇਰੀ ਪੱਧਰ ਤੇ)
3. ਬਾਰਵੀਂ ਜਮਾਤ ਦੀ DMC ਅਤੇ Degree
4. ਗਰੈਜੂਏਸ਼ਨ ਭਾਗ I, II,III ਦੇ DMC ਅਤੇ ਡਿਗਰੀ।
5. ਈ.ਟੀ.ਟੀ. ਦੀ DMC ਅਤੇ ਡਿਪਲੋਮਾ।
6. ਬੀ.ਐਡ.ਦੀ DMC ਅਤੇ ਡਿਗਰੀ।
7. ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ (PSTET-I) ਦਾ ਸਰਟੀਫਿਕੇਟ।
8. ਕੈਟਾਗਰੀ ਨਾਲ ਸਬੰਧਤ ਸਰਟੀਫਿਕੇਟ।
9. ਪੰਜਾਬ ਰਾਜ ਵਸਨੀਕ ਹੋਣ ਦਾ ਸਬੂਤ(ਕੇਵਲ ਉਹੀ ਉਮੀਦਵਾਰ ਜਿਨ੍ਹਾਂ ਨੇ ਕਿਸੇ ਰਿਜ਼ਰਵ ਕੈਟਾਗਰੀ ਵਿੱਚ ਅਪਲਾਈ ਕੀਤਾ ਹੈ)।
10. ਆਮਦਨ ਸਬੰਧੀ ਸਵੈ-ਘੋਸ਼ਣਾ ਪੱਤਰ (ਵਿਭਾਗ ਦੀ ਵੈਬਸਾਈਟ ਤੋਂ ਡਾਊਨਲੋਡ ਕਰਕੇ ਭਰਨ ਉਪਰੰਤ) ਜਿਹੜੇ ਉਮੀਦਵਾਰਾਂ ਨੇ ਪੱਛੜੀ ਸ਼੍ਰੇਣੀ ਕੈਟਾਗਰੀ ਵਿੱਚ ਅਪਲਾਈ ਕੀਤਾ ਹੈ)।
11. ਵਿਦਿਅਕ ਯੋਗਤਾ ਸਬੰਧੀ ਸਵੈ-ਘੋਸ਼ਣਾ ਸਬੰਧੀ ਪ੍ਰੋਫਾਰਮਾ।(ਜਿਨ੍ਹਾਂ ਉਮੀਦਵਾਰਾਂ ਨੇ ਪੰਜਾਬ ਰਾਜ ਤੋ ਬਾਹਰਲੇ ਰਾਜਾਂ ਤੋਂ ਵਿਦਿਅਕ ਯੋਗਤਾ ਪ੍ਰਾਪਤ ਕੀਤੀ ਹੈ)

ਉਮੀਦਵਾਰ ਦਸਤਾਵੇਜ਼ਾਂ ਦੀ ਸਕਰੂਟਨੀ ਤੇ ਆਉਣ ਸਮੇਂ ਆਪਣੇ ਨਾਲ ਅਸਲ ਸਰਟੀਫਿਕੇਟ, ਸਰਟੀਫਿਕੇਟ ਦੀਆਂ ਖੁਦ ਤਸਦੀਕ ਕੀਤੀਆਂ ਫੋਟੋਕਾਪੀਆਂ ਦਾ ਇੱਕ ਸੈੱਟ, ਆਪਣੀ ਪਾਸਪੋਰਟ ਸਾਈਜ ਦੀਆਂ 4 ਫੋਟੋਆਂ, ਜਮ੍ਹਾਂ ਕਰਵਾਈ ਗਈ ਫੀਸ ਦਾ ਸਬੂਤ, ਆਨਲਾਈਨ ਅਪਲਾਈ ਕਰਨ ਦਾ ਫਾਰਮ, ਵਿਭਾਗ ਦੀ ਵੈਬਸਾਈਟ ਤੋਂ ਡਾਊਨਲੋਡ ਕੀਤਾ ਪੜਤਾਲ ਫਾਰਮ ਫਾਈਲ ਕਵਰ ਵਿੱਚ ਟੈਗ ਕਰਕੇ ਸਾਰੇ ਅਸਲ ਸਰਟੀਫਿਕੇਟ ਅਤੇ ਤਸਦੀਕੀ ਫੋਟੋਕਾਪੀਆਂ ਉਕਤ ਦਰਸਾਈ ਤਰਤੀਬ ਅਨੁਸਾਰ ਵੱਖਰੀਆਂ ਫਾਈਲਾਂ ਵਿੱਚ ਲਗਾ ਕੇ ਦਸਤਾਵੇਜ਼ਾਂ ਦੀ ਸਕਰੂਟਨੀ ਲਈ ਨਿੱਜੀ ਤੌਰ ਤੇ ਹਾਜ਼ਰ ਹੋਣਗੇ।

26/4/19